# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10**

**ਮਿਤੀ : 17-08-2025**

ਭਾਰਤੀ ਪੁਲਾੜ ਯਾਤਰੀ, ਗਰੁੱਪ ਕੈਪਟਨ ਸ਼ੁਭਾਂਸ਼ੂ ਸ਼ੁਕਲਾ ਦਾ ਅੱਜ ਤੜਕੇ ਦਿੱਲੀ ਦੇ ਅੰਤਰਰਾਸ਼ਟਰੀ ਹਵਾਈ ਅੱਡੇ 'ਤੇ ਪਹੁੰਚਣ 'ਤੇ ਨਿੱਘਾ ਸਵਾਗਤ ਕੀਤਾ ਗਿਆ। ਕੇਂਦਰੀ ਮੰਤਰੀ ਜਿਤੇਂਦਰ ਸਿੰਘ, ਦਿੱਲੀ ਦੇ ਮੁੱਖ ਮੰਤਰੀ ਰੇਖਾ ਗੁਪਤਾ ਅਤੇ ਭਾਰਤੀ ਪੁਲਾੜ ਖੋਜ ਸੰਗਠਨ ਦੇ ਚੇਅਰਮੈਨ ਡਾ. ਵੀ. ਨਾਰਾਇਣਨ ਨੇ ਹਵਾਈ ਅੱਡੇ 'ਤੇ ਉਨ੍ਹਾਂ ਦਾ ਸਵਾਗਤ ਕੀਤਾ। ਸ੍ਰੀ ਸ਼ੁਕਲਾ 15 ਜੁਲਾਈ ਨੂੰ ਅੰਤਰਰਾਸ਼ਟਰੀ ਪੁਲਾੜ ਸਟੇਸ਼ਨ ਤੋਂ ਵਾਪਸ ਆਏ ਸਨ। ਉਹ ਅੰਤਰਰਾਸ਼ਟਰੀ ਪੁਲਾੜ ਸਟੇਸ਼ਨ ਜਾਣ  ਵਾਲੇ ਪਹਿਲੇ ਭਾਰਤੀ ਨੇ। ਸ਼ੁਭਾਂਸ਼ੂ ਸ਼ੁਕਲਾ ਨੇ ਨਾਸਾ ਦੇ AXIOM-4 ਮਿਸ਼ਨ ਦੀ ਅਗਵਾਈ ਕੀਤੀ ਸੀ। ਇਸ ਨੂੰ 25 ਜੂਨ ਨੂੰ ਫਲੋਰੀਡਾ ਦੇ Kennedy Space Centre ਤੋਂ ਲਾਂਚ ਕੀਤਾ ਗਿਆ ਸੀ। ਮਿਸ਼ਨ ਦੌਰਾਨ, ਸ਼ੁਭਾਂਸ਼ੂ ਨੇ ਪੁਲਾੜ ਵਿੱਚ, ਬੇਮਿਸਾਲ microgravity ਪ੍ਰਯੋਗ ਕੀਤੇ। ਸੋਸ਼ਲ ਮੀਡਿਆ

'ਤੇ, ਸ਼੍ਰੀ ਸ਼ੁਕਲਾ ਨੇ ਆਪਣੀ ਯਾਤਰਾ ਅਤੇ ਦੋਸਤਾਂ ਤੇ ਪਰਿਵਾਰ ਨਾਲ ਦੁਬਾਰਾ ਮਿਲਣ 'ਤੇ  ਉਤਸ਼ਾਹ ਦਾ ਪ੍ਰਗਟਾਵਾ ਕਰਦਿਆਂ, ਇੱਕ ਭਾਵਨਾਤਮਕ ਪੋਸਟ ਸਾਂਝੀ ਕੀਤੀ। ਸ਼ੁਭਾਂਸ਼ੂ, ਭਾਰਤ ਦੇ ਪਹਿਲੇ human spaceflight ਮਿਸ਼ਨ, Gaganyaan ਲਈ ਚੁਣੇ ਗਏ ਪੁਲਾੜ ਯਾਤਰੀਆਂ ਵਿੱਚੋਂ ਇੱਕ ਨੇ। ਇਸ ਮਿਸ਼ਨ ਦੇ ਅਗਲੇ ਸਾਲ ਦੇ ਅੰਤ ਤੱਕ ਲਾਂਚ ਹੋਣ ਦੀ ਸੰਭਾਵਨਾ ਏ।

---------------------------------------------------------

ਜੰਮੂ-ਕਸ਼ਮੀਰ ਵਿਚ ਕਠੂਆ ਜ਼ਿਲ੍ਹੇ ਦੇ ਰਾਜਬਾਗ ਦੇ ਜੋੜ ਘਾਟੀ ਪਿੰਡ ਵਿੱਚ, ਅੱਜ ਤੜਕੇ ਬੱਦਲ ਫਟਣ ਦੀ ਘਟਨਾ ਵਿੱਚ, 7 ਲੋਕਾਂ ਦੀ ਮੌਤ ਹੋ ਗਈ ਏ ਅਤੇ 6 ਜ਼ਖਮੀ ਹੋ ਗਏ ਨੇ। ਭਾਰੀ ਬਾਰਸ਼ ਕਾਰਨ ਇਲਾਕੇ ਦਾ ਸੰਪਰਕ ਟੁੱਟ ਗਿਆ ਏ ਅਤੇ ਜਾਨ-ਮਾਲ ਦਾ ਭਾਰੀ ਨੁਕਸਾਨ ਹੋਇਆ ਏ। ਜੰਮੂ-ਕਸ਼ਮੀਰ ਪੁਲਿਸ ਅਤੇ SDRF ਦੀ ਇੱਕ ਸਾਂਝੀ ਟੀਮ ਮੌਕੇ 'ਤੇ ਪਹੁੰਚੀ ਅਤੇ ਸਥਾਨਕ ਵਲੰਟੀਅਰਾਂ ਨਾਲ ਬਚਾਅ ਕਾਰਜ ਸ਼ੁਰੂ ਕਰ ਦਿੱਤੇ ਨੇ। ਜੰਮੂ ਦੇ ਡਿਵੀਜ਼ਨਲ ਕਮਿਸ਼ਨਰ ਰਮੇਸ਼ ਕੁਮਾਰ ਨੇ ਕਿਹਾ ਏ

ਕਿ ਰਾਹਤ ਅਤੇ ਬਚਾਅ ਕਾਰਜ ਜਾਰੀ ਨੇ ਅਤੇ ਪ੍ਰਭਾਵਿਤ ਲੋਕਾਂ ਨੂੰ ਹੈਲੀਕਾਪਟਰਾਂ ਰਾਹੀਂ ਬਾਹਰ ਕੱਢਿਆ ਜਾ ਰਿਹਾ ਏ।

-------------------------------------------------------

ਬੀਤੇ ਕਈ ਦਿਨਾਂ ਤੋਂ ਹਿਮਾਚਲ ਦੇ ਪਹਾੜੀ ਇਲਾਕਿਆਂ ਵਿਚ ਹੋ ਰਹੀ ਭਾਰੀ ਬਾਰਿਸ਼ ਤੇ ਕੁੱਝ ਥਾਵਾਂ ਤੇ ਬੱਦਲ ਫਟਣ ਦੀਆਂ ਘਟਨਾਵਾਂ ਕਾਰਨ ਪੰਜਾਬ ਦੇ ਦਰਿਆਵਾਂ ਵਿਚ ਪਾਣੀ ਦਾ ਪੱਧਰ ਵਧ ਗਿਆ ਏ। ਰਾਵੀ ਦਰਿਆ ਵਿੱਚ ਇਕ ਲੱਖ 50 ਹਜ਼ਾਰ ਕਿਊਸਕ ਤੋਂ ਵੱਧ ਪਾਣੀ ਛਡੇ ਜਾਣ ਕਾਰਨ ਗੁਰਦਾਸਪੁਰ ਦੇ ਡੇਰਾ ਬਾਬਾ ਨਾਨਕ ਹਲਕੇ ਦੇ ਨਾਲ ਲਗਦੇ ਪਿੰਡਾਂ ਵਿਚ ਹਾਲਾਤ ਪ੍ਰਭਾਵਤ ਹੋ ਸਕਦੇ ਨੇ । ਪਠਾਨਕੋਟ ਤੋਂ ਸਾਡੇ ਪੱਤਰਕਾਰ ਨੇ ਦੱਸਿਆ ਕਿ ਜ਼ਿਲ੍ਹੇ ਵਿਚ ਬੀਤੀ ਰਾਤ ਤੋਂ ਸ਼ੁਰੂ ਹੋਈ ਬਾਰਿਸ਼ ਕਾਰਨ ਜਲਾਲੀਆ ਨਦੀ ਇੱਕ ਵਾਰ ਫਿਰ ਪਾਣੀ ਨਾਲ ਭਰ ਗਈ ਏ। ਭਾਰਤ-ਪਾਕਿ ਸਰਹੱਦ ਨਾਲ ਲੱਗਦੇ ਬਮਿਆਲ ਸੈਕਟਰ ਨਾਲ ਲੱਗਦੇ ਅਨਿਆਲ, ਬਮਿਆਲ, ਮਸਤਪੁਰ ਮੁਠੀ ਅਤੇ ਲਗਭਗ ਇੱਕ ਦਰਜਨ ਪਿੰਡਾਂ ਦੇ ਘਰਾਂ ਵਿੱਚ ਪਾਣੀ ਦਾਖਲ ਹੋ ਗਿਆ ਏ ।

ਕੈਬਨਿਟ ਮੰਤਰੀ ਲਾਲ ਚੰਦ ਕਟਾਰੂ ਚੱਕ ਸਾਰੇ ਅਧਿਕਾਰੀਆਂ ਦੇ ਨਾਲ ਸਰਹੱਦੀ ਖੇਤਰ ਵਿੱਚ ਪੈਂਦੇ ਜਲਾਲੀਆ ਦਰਿਆ ਦਾ ਨਿਰੀਖਣ ਕਰਨ ਲਈ ਗਏ ਨੇ। ਹੁਸ਼ਿਆਰਪੁਰ ਤੋਂ ਸਾਡੇ ਪੱਤਰਕਾਰ ਨੇ ਦਸਿਆ ਕਿ ਜ਼ਿਲ੍ਹੇ ਦੇ ਤਲਵਾੜਾ ਵਿੱਚ ਪੌਂਗ ਡੈਮ ਤੋਂ 10ਵੇਂ ਦਿਨ 57 ਹਜ਼ਾਰ 48 ਕਿਊਸਿਕ ਪਾਣੀ ਛੱਡੇ ਜਾਣ ਕਾਰਨ ਹੇਠਲੇ ਇਲਾਕਿਆਂ ਵਿੱਚ ਰਹਿਣ ਵਾਲੇ ਲੋਕਾਂ ਵਿੱਚ ਡਰ ਦਾ ਮਾਹੌਲ ਏ। ਲਗਾਤਾਰ ਪਾਣੀ ਛੱਡੇ ਜਾਣ ਕਾਰਨ ਬਿਆਸ ਦਰਿਆ ਵਿਚ ਪਾਣੀ ਦਾ ਪੱਧਰ ਕਾਫ਼ੀ ਵੱਧ ਗਿਆ ਏ। ਹੁਸ਼ਿਆਰਪੁਰ ਦੇ ਡੀਸੀ ਆਸ਼ਿਕਾ ਜੈਨ ਨੇ ਕਿਹੈ ਕਿ ਪੋਂਗ ਡੈਮ ਤੋਂ ਪਾਣੀ ਲਗਾਤਾਰ ਪੂਰੀ ਨਿਗਰਾਨੀ ਵਿੱਚ ਛੱਡਿਆ ਜਾ ਰਿਹਾ ਏ ਤੇ ਹਾਲਾਤ ਉਤੇ ਪੂਰੀ ਨਜ਼ਾਰ ਰੱਖੀ ਜਾ ਰਹੀ ਏ। ਪ੍ਰਸ਼ਾਸਨ ਵੱਲੋਂ ਜਿਲਾ ਪੱਧਰੀ ਕੰਟਰੋਲ ਰੂਮ ਨੰਬਰ 01882-220412 ਜਾਰੀ ਕੀਤਾ ਗਿਆ ਏ। ਕਪੂਰਥਲਾ ਤੋਂ ਸਾਡੇ ਪੱਤਕਾਰ ਨੇ ਜਾਣਕਾਰੀ ਦਿੱਤੀ ਏ ਕਿ ਸੁਲਤਾਨਪੁਰ ਲੋਧੀ ਵਿਚ ਬਿਆਸ ਦਰਿਆ ਨੇੜਲੇ 20 ਪਿੰਡ ਪਾਣੀ ਕਾਰਨ ਪ੍ਰਭਾਵਿਤ ਹੋਏ ਨੇ। ਪ੍ਰਸ਼ਾਸਨ ਨੇ ਮੰਡ ਖੇਤਰ ਦੇ ਬਾਊਪੁਰ ਤੋਂ 500 ਤੋਂ ਵੱਧ ਪਿੰਡ ਵਾਸੀਆਂ ਨੂੰ ਸੁਰੱਖਿਅਤ ਬਾਹਰ ਕੱਢਿਆ ਏ, ਜਿੱਥੇ 22 ਪਿੰਡਾਂ ਵਿੱਚ ਸੈਂਕੜੇ ਏਕੜ ਝੋਨੇ ਦੀ ਫਸਲ

ਡੁੱਬ ਗਈ ਏ। ਕਪੂਰਥਲਾ ਦੇ ਡਿਪਟੀ ਕਮਿਸ਼ਨਰ ਅਮਿਤ ਕੁਮਾਰ ਪੰਚਾਲ ਨੇ ਕਿਹਾ ਕਿ ਮੰਡ ਖੇਤਰ ਦੇ ਲੱਖ ਵਰ੍ਹੀਆਂ ਸਰਕਾਰੀ ਸਕੂਲ ਵਿੱਚ ਇੱਕ ਰਾਹਤ ਕੇਂਦਰ ਸਥਾਪਤ ਕੀਤਾ ਗਿਆ ਏ। ਪਰਸ਼ਾਸਨ ਵਲੋਂ ਇਕ ਕੰਟਰੋਲ ਰੂਮ ਨੰਬਰ 01822-231990 ਵੀ ਜਾਰੀ ਕੀਤਾ ਗਿਆ।

---------------------------------------------------------

ਪੰਜਾਬ ਵਿੱਚੋਂ ਨਸ਼ਿਆਂ ਦੇ ਮੁਕੰਮਲ ਖਾਤਮੇ ਲਈ ਵਿੱਢੀ ਗਈ ਮੁਹਿੰਮ "ਯੁੱਧ ਨਸ਼ਿਆਂ ਵਿਰੁੱਧ" ਦੇ 168ਵੇਂ ਦਿਨ ਪੰਜਾਬ ਪੁਲਿਸ ਨੇ 301 ਥਾਵਾਂ 'ਤੇ ਛਾਪੇਮਾਰੀ ਕੀਤੀ। ਇਸ ਦੌਰਾਨ ਸੂਬੇ ਭਰ ਵਿੱਚ 28 ਐਫ.ਆਈ.ਆਰਜ਼. ਦਰਜ ਕਰ ਕੇ 38 ਨਸ਼ਾ ਤਸਕਰਾਂ ਨੂੰ ਗ੍ਰਿਫ਼ਤਾਰ ਕੀਤਾ ਗਿਆ ਏ। ਇਹਨਾਂ ਛਾਪੇਮਾਰੀਆਂ ਦੌਰਾਨ ਗ੍ਰਿਫ਼ਤਾਰ ਕੀਤੇ ਗਏ ਨਸ਼ਾ ਤਸਕਰਾਂ ਦੇ ਕਬਜ਼ੇ ਵਿੱਚੋਂ 620 ਗ੍ਰਾਮ ਹੈਰੋਇਨ ਅਤੇ ਇਕ ਹਜ਼ਾਰ 612 ਨਸ਼ੀਲੀਆਂ ਗੋਲੀਆਂ ਤੇ ਕੈਪਸੂਲ ਬਰਾਮਦ ਕੀਤੇ ਗਏ। ਇਹ ਆਪ੍ਰੇਸ਼ਨ ਪੰਜਾਬ ਪੁਲਿਸ ਮੁਖੀ ਗੌਰਵ ਯਾਦਵ ਦੇ ਨਿਰਦੇਸ਼ਾਂ 'ਤੇ ਸੂਬੇ ਦੇ ਸਾਰੇ 28 ਜ਼ਿਲ੍ਹਿਆਂ ਵਿੱਚ ਇੱਕੋ ਸਮੇਂ ਚਲਾਇਆ ਗਿਆ।

---------------------------------------------------

ਪੰਜਾਬ ਸਰਕਾਰ ਵੱਲੋਂ ਵਿੱਢੀ ਮੁਹਿੰਮ 'ਯੁੱਧ ਨਸ਼ਿਆਂ ਵਿਰੁੱਧ' ਤਹਿਤ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰੱਖਣ ਅਤੇ ਖੇਡਾਂ ਨਾਲ ਜੋੜਨ ਦੇ ਮੰਤਵ ਨਾਲ ਜ਼ਿਲ੍ਹਾ ਪ੍ਰਸ਼ਾਸਨ ਜ਼ਿਲ੍ਹਾ ਰੈੱਡ ਕਰਾਸ ਸੁਸਾਇਟੀ ਦੇ ਸਹਿਯੋਗ ਨਾਲ 'ਜਲੰਧਰ ਪ੍ਰੀਮੀਅਰ ਲੀਗ' ਕਰਵਾਉਣ ਜਾ ਰਿਹਾ ਏ, ਜਿਸ ਦੀ ਸ਼ੁਰੂਆਤ 28 ਅਗਸਤ ਨੂੰ ਕੌਮੀ ਖੇਡ ਦਿਵਸ ਦੀ ਪੂਰਵ ਸੰਧਿਆ 'ਤੇ ਕੀਤੀ ਜਾਵੇਗੀ। ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਨੇ ਕਿਹੈ ਕਿ 'ਜਲੰਧਰ ਪ੍ਰੀਮੀਅਰ ਲੀਗ' ਦੌਰਾਨ ਵਾਲੀਬਾਲ, ਫੁੱਟਬਾਲ, ਬਾਸਕਟਬਾਲ, ਹੈਂਡਬਾਲ, ਜੂਡੋ, ਖੋ-ਖੋ, ਕਬੱਡੀ, ਕ੍ਰਿਕਟ, ਐਥਲੈਟਿਕਸ ਸਮੇਤ ਵੱਖ-ਵੱਖ ਖੇਡਾਂ ਦੇ ਮੁਕਾਬਲੇ ਕਰਵਾਏ ਜਾਣਗੇ। ਡਾ. ਅਗਰਵਾਲ ਨੇ ਕਿਹਾ ਕਿ ਲੀਗ ਲਈ ਐਂਟਰੀਆਂ 18 ਅਗਸਤ ਤੱਕ ਲਈਆਂ ਜਾਣਗੀਆਂ ਅਤੇ ਡਰਾਅ 22 ਅਗਸਤ ਨੂੰ ਕੱਢੇ ਜਾਣਗੇ। ਉਨ੍ਹਾਂ ਦੱਸਿਆ ਕਿ ਰਜਿਸਟ੍ਰੇਸ਼ਨ ਸਬੰਧੀ ਵਧੇਰੇ ਜਾਣਕਾਰੀ ਲਈ ਮੋਬਾਇਲ ਨੰਬਰ 86995-75095 ਅਤੇ 98146-10524 'ਤੇ ਸੰਪਰਕ ਕੀਤਾ ਜਾ ਸਕਦਾ ਏ।